ੴ ਸਤਿਗੁਰ ਪ੍ਰਸਾਦਿ ॥
ik oankaar sathigur prasaadh |
One Universal Creator God. By The Grace Of The True Guru:

ਰਾਗੁ ਸੂਹੀ ਛੰਤ ਮਹਲਾ ੧ ਘਰੁ ੪ ॥
raag soohee shanth mehalaa 1 ghar 4 |
Raag Soohee, Chhant, First Mehl, Fourth House:

ਜਿਨਿ ਕੀਆ ਤਿਨਿ ਦੇਖਿਆ ਜਗੁ ਧੰਧੜੈ ਲਾਇਆ ॥
jin keeaa thin dhaekhiaa jag dhandharrai laaeiaa |
The One who created the world, watches over it; He enjoins the people of the world to their tasks.
ਜਿਸ ਪ੍ਰਭੂ ਨੇ ਇਹ ਜਗਤ ਪੈਦਾ ਕੀਤਾ ਹੈ ਉਸੇ ਨੇ ਇਸ ਦੀ ਸੰਭਾਲ ਕੀਤੀ ਹੋਈ ਹੈ, ਉਸੇ ਨੇ ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾਇਆ ਹੋਇਆ ਹੈ ।

ਦਾਨਿ ਤੇਰੈ ਘਟਿ ਚਾਨਣਾ ਤਨਿ ਚੰਦੁ ਦੀਪਾਇਆ ॥
dhaan thaerai ghatt chaananaa than chandh dheepaaeiaa |
Your gifts, O Lord, illuminate the heart, and the moon casts its light on the body.
(ਪਰ ਹੇ ਪ੍ਰਭੂ !) ਤੇਰੀ ਬਖ਼ਸ਼ਸ਼ ਨਾਲ (ਕਿਸੇ ਸੁਭਾਗ) ਹਿਰਦੇ ਵਿਚ ਤੇਰੀ ਜੋਤਿ ਦਾ ਚਾਨਣ ਹੁੰਦਾ ਹੈ, (ਕਿਸੇ ਸੁਭਾਗ) ਸਰੀਰ ਵਿਚ ਚੰਦ ਚਮਕਦਾ ਹੈ (ਤੇਰੇ ਨਾਮ ਦੀ ਸੀਤਲਤਾ ਹੁਲਾਰੇ ਦੇਂਦੀ ਹੈ) ।

ਚੰਦੋ ਦੀਪਾਇਆ ਦਾਨਿ ਹਰਿ ਕੈ ਦੁਖੁ ਅੰਧੇਰਾ ਉਠਿ ਗਇਆ ॥
chandho dheepaaeiaa dhaan har kai dhukh andhaeraa outh gaeiaa |
The moon glows, by the Lord's gift, and the darkness of suffering is taken away.
ਪ੍ਰਭੂ ਦੀ ਬਖ਼ਸ਼ਸ਼ ਨਾਲ ਜਿਸ ਹਿਰਦੇ ਵਿਚ (ਪ੍ਰਭੂ-ਨਾਮ ਦੀ) ਸੀਤਲਤਾ ਲਿਸ਼ਕ ਮਾਰਦੀ ਹੈ ਉਸ ਹਿਰਦੇ ਵਿਚੋਂ (ਅਗਿਆਨਤਾ ਦਾ) ਹਨੇਰਾ ਤੇ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ ।

ਗੁਣ ਜੰਞ ਲਾੜੇ ਨਾਲਿ ਸੋਹੈ ਪਰਖਿ ਮੋਹਣੀਐ ਲਇਆ ॥
gun jannj laarrae naal sohai parakh mohaneeai laeiaa |
The marriage party of virtue looks beautiful with the Groom; He chooses His enticing bride with care.
ਜਿਵੇਂ ਜੰਞ ਲਾੜੇ ਨਾਲ ਹੀ ਸੋਹਣੀ ਲੱਗਦੀ ਹੈ, ਤਿਵੇਂ ਜੀਵ-ਇਸਤ੍ਰੀ ਦੇ ਗੁਣ ਤਦੋਂ ਹੀ ਸੋਭਦੇ ਹਨ ਜੇ ਪ੍ਰਭੂ-ਪਤੀ ਹਿਰਦੇ ਵਿਚ ਵੱਸਦਾ ਹੋਵੇ । ਜਿਸ ਜੀਵ-ਇਸਤ੍ਰੀ ਨੇ ਆਪਣੇ ਜੀਵਨ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਸੁੰਦਰ ਬਣਾ ਲਿਆ ਹੈ, ਉਸ ਨੇ ਇਸ ਦੀ ਕਦਰ ਸਮਝ ਕੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ ।

ਵੀਵਾਹੁ ਹੋਆ ਸੋਭ ਸੇਤੀ ਪੰਚ ਸਬਦੀ ਆਇਆ ॥
veevaahu hoaa sobh saethee panch sabadhee aaeiaa |
The wedding is performed with glorious splendor; He has arrived, accompanied by the vibrations of the Panch Shabad, the Five Primal Sounds.
ਉਸ ਦਾ ਪ੍ਰਭੂ-ਪਤੀ ਨਾਲ ਮਿਲਾਪ ਹੋ ਜਾਂਦਾ ਹੈ, (ਲੋਕ ਪਰਲੋਕ ਵਿਚ) ਉਸ ਨੂੰ ਸੋਭਾ ਭੀ ਮਿਲਦੀ ਹੈ, ਇਕ-ਰਸ ਆਤਮਕ ਆਨੰਦ ਦਾ ਦਾਤਾ ਪ੍ਰਭੂ ਉਸ ਦੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ ।

Created By SikhiToTheMAX II

ਜਿਨਿ ਕੀਆ ਤਿਨਿ ਦੇਖਿਆ ਜਗੁ ਧੰਧੜੈ ਲਾਇਆ ॥੧॥
jin keeaa thin dhaekhiaa jag dhandharrai laaeiaa |1|
The One who created the world, watches over it; He enjoins the people of the world to their tasks. ||1||
ਜਿਸ ਪ੍ਰਭੂ ਨੇ ਇਹ ਜਗਤ ਪੈਦਾ ਕੀਤਾ ਹੈ ਉਹੀ ਇਸ ਦੀ ਸੰਭਾਲ ਕਰਦਾ ਹੈ, ਉਸ ਨੇ ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾਇਆ ਹੋਇਆ ਹੈ ।੧।

ਹਉ ਬਲਿਹਾਰੀ ਸਾਜਨਾ ਮੀਤਾ ਅਵਰੀਤਾ ॥
ho balihaaree saajanaa meethaa avareethaa |
I am a sacrifice to my pure friends, the immaculate Saints.
ਮੈਂ ਉਹਨਾਂ ਸੱਜਣਾਂ ਮਿੱਤਰਾਂ ਤੋਂ ਸਦਕੇ ਹਾਂ ।

ਇਹੁ ਤਨੁ ਜਿਨ ਸਿਉ ਗਾਡਿਆ ਮਨੁ ਲੀਅੜਾ ਦੀਤਾ ॥
eihu than jin sio gaaddiaa man leearraa dheethaa |
This body is attached to them, and we have shared our minds.
ਜਿਨ੍ਹਾਂ ਉਤੇ ਮਾਇਆ ਦਾ ਪਰਦਾ ਨਹੀਂ ਪਿਆ ਜਿਨ੍ਹਾਂ ਦੀ ਸੰਗਤਿ ਕਰ ਕੇ ਮੈਂ ਉਹਨਾਂ ਨਾਲ ਦਿਲੀ ਸਾਂਝ ਪਾਈ ਹੈ ।

ਲੀਆ ਤ ਦੀਆ ਮਾਨੁ ਜਿਨ੍ ਸਿਉ ਸੇ ਸਜਨ ਕਿਉ ਵੀਸਰਹਿ ॥
leeaa th dheeaa maan jina sio sae sajan kio veesarehi |
We have shared our minds - how could I forget those friends?
ਜਿਨ੍ਹਾਂ ਗੁਰਮੁਖਾਂ ਨਾਲ ਦਿਲੀ ਸਾਂਝ ਪੈ ਸਕੇ ਉਹ ਸੱਜਣ ਕਦੇ ਭੀ ਭੁੱਲਣੇ ਨਹੀਂ ਚਾਹੀਦੇ ।

ਜਿਨ੍ ਦਿਸਿ ਆਇਆ ਹੋਹਿ ਰਲੀਆ ਜੀਅ ਸੇਤੀ ਗਹਿ ਰਹਹਿ ॥
jina dhis aaeiaa hohi raleeaa jeea saethee gehi rehehi |
Seeing them brings joy to my heart; I keep them clasped to my soul.
ਉਹਨਾਂ ਦਾ ਦਰਸਨ ਕੀਤਿਆਂ ਆਤਮਕ ਖ਼ੁਸ਼ੀਆਂ ਪੈਦਾ ਹੁੰਦੀਆਂ ਹਨ, ਉਹ ਸੱਜਣ (ਆਪਣੇ ਸਤਸੰਗੀਆਂ ਨੂੰ ਆਪਣੀ) ਜਾਨ ਨਾਲ ਲਾ ਰੱਖਦੇ ਹਨ।

ਸਗਲ ਗੁਣ ਅਵਗਣੁ ਨ ਕੋਈ ਹੋਹਿ ਨੀਤਾ ਨੀਤਾ ॥
sagal gun avagan n koee hohi neethaa neethaa |
They have all virtues and merits, forever and ever; they have no demerits or faults at all.
ਉਹਨਾਂ ਵਿਚ ਸਾਰੇ ਗੁਣ ਹੀ ਗੁਣ ਹੁੰਦੇ ਹਨ, ਔਗੁਣ ਉਹਨਾਂ ਦੇ ਨੇੜੇ ਨਹੀਂ ਢੁਕਦੇ ।

ਹਉ ਬਲਿਹਾਰੀ ਸਾਜਨਾ ਮੀਤਾ ਅਵਰੀਤਾ ॥੨॥
ho balihaaree saajanaa meethaa avareethaa |2|
I am a sacrifice to my pure friends, the immaculate Saints. ||2||
ਮੈਂ ਸਦਕੇ ਹਾਂ ਉਹਨਾਂ ਸੱਜਣਾਂ ਮਿੱਤਰਾਂ ਤੋਂ ਜਿਨ੍ਹਾਂ ਉਤੇ ਮਾਇਆ ਦਾ ਪ੍ਰਭਾਵ ਨਹੀਂ ਪਿਆ ।੨।

ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ ॥
gunaa kaa hovai vaasulaa kat vaas leejai |
One who has a basket of fragrant virtues, should enjoy its fragrance.

ਜੇ ਕਿਸੇ ਨੂੰ ਗੁਣਾਂ ਦਾ ਡੱਬਾ ਲੱਭ ਪਏ, ਤਾਂ ਉਹ ਡੱਬਾ ਖੋਹਲ ਕੇ (ਡੱਬੇ ਵਿਚਲੀ) ਸੁਗੰਧੀ ਲੈਣੀ ਚਾਹੀਦੀ ਹੈ ।

ਜੇ ਗੁਣ ਹੋਵਨਿ੍ ਸਾਜਨਾ ਮਿਲਿ ਸਾਝ ਕਰੀਜੈ ॥
jae gun hovan isaajanaa mil saajh kareejai |
If my friends have virtues, I will share in them.
ਜੇ ਤੂੰ ਚਾਹੁੰਦਾ ਹੈਂ ਕਿ ਤੇਰੇ ਅੰਦਰ ਗੁਣ ਪੈਦਾ ਹੋਣ, ਤਾਂ ਗੁਰਮੁਖਾਂ ਨੂੰ ਮਿਲ ਕੇ ਉਹਨਾਂ ਨਾਲ ਗੁਣਾਂ ਦੀ ਸਾਂਝ ਕਰਨੀ ਚਾਹੀਦੀ ਹੈ ।

ਸਾਝ ਕਰੀਜੈ ਗੁਣਹ ਕੇਰੀ ਛੋਡਿ ਅਵਗਣ ਚਲੀਐ ॥
saajh kareejai guneh kaeree shodd avagan chaleeai |
Let us form a partnership, and share our virtues; let us abandon our faults, and walk on the Path.
ਗੁਣਾਂ ਦੀ ਸਾਂਝ ਕਰਨੀ ਚਾਹੀਦੀ ਹੈ, ਇਸ ਤਰ੍ਹਾਂ (ਅੰਦਰੋਂ) ਔਗੁਣ ਤਿਆਗ ਕੇ ਜੀਵਨ-ਰਾਹ ਤੇ ਤੁਰ ਸਕੀਦਾ ਹੈ,

ਪਹਿਰੇ ਪਟੰਬਰ ਕਰਿ ਅਡੰਬਰ ਆਪਣਾ ਪਿੜੁ ਮਲੀਐ ॥
pehirae pattanbar kar addanbar aapanaa pirr maleeai |
Let us wear our virtues like silk clothes; let us decorate ourselves, and enter the arena.
ਸਭ ਨਾਲ ਪ੍ਰੇਮ ਵਾਲਾ ਵਰਤਾਵ ਕਰ ਕੇ ਤੇ ਭਲਾਈ ਦੇ ਸੋਹਣੇ ਉੱਦਮ ਕਰ ਕੇ ਵਿਕਾਰਾਂ ਦੇ ਟਾਕਰੇ ਤੇ ਜੀਵਨ-ਘੋਲ ਜਿੱਤਿਆ ਜਾ ਸਕਦਾ ਹੈ ।

ਜਿਥੈ ਜਾਇ ਬਹੀਐ ਭਲਾ ਕਹੀਐ ਝੋਲਿ ਅੰਮ੍ਰਿਤੁ ਪੀਜੈ ॥
jithai jaae beheeai bhalaa keheeai jhol anmrith peejai |
Let us speak of goodness, wherever we go and sit; let us skim off the Ambrosial Nectar, and drink it in.
ਜਿੱਥੇ ਭੀ ਜਾ ਕੇ ਬੈਠੀਏ ਭਲਾਈ ਦੀ ਗੱਲ ਹੀ ਕੀਤੀ ਜਾ ਸਕਦੀ ਹੈ, ਤੇ ਮੰਦੇ ਪਾਸੇ ਵਲੋਂ ਹਟ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਤਾ ਜਾ ਸਕਦਾ ਹੈ ।

ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ ॥੩॥
gunaa kaa hovai vaasulaa kat vaas leejai |3|
One who has a basket of fragrant virtues, should enjoy its fragrance. ||3||
ਜੇ ਕਿਸੇ ਨੂੰ ਗੁਣਾਂ ਦਾ ਡੱਬਾ ਲੱਭ ਪਏ ਤਾਂ ਉਹ ਡੱਬਾ ਖੋਹਲ ਕੇ (ਡੱਬੇ ਵਿਚਲੀ) ਸੁਗੰਧੀ ਲੈਣੀ ਚਾਹੀਦੀ ਹੈ ।੩।

ਆਪਿ ਕਰੇ ਕਿਸੁ ਆਖੀਐ ਹੋਰੁ ਕਰੇ ਨ ਕੋਈ ॥
aap karae kis aakheeai hor karae n koee |
He Himself acts; unto whom should we complain? No one else does anything.
ਪਰਮਾਤਮਾ ਆਪ ਹੀ (ਇਹ ਸਭ ਕੁਝ) ਕਰ ਰਿਹਾ ਹੈ, ਉਸ ਤੋਂ ਬਿਨਾ ਹੋਰ ਕੋਈ ਨਹੀਂ ਕਰ ਸਕਦਾ,

ਆਖਣ ਤਾ ਕਉ ਜਾਈਐ ਜੇ ਭੂਲੜਾ ਹੋਈ ॥
aakhan thaa ko jaaeeai jae bhoolarraa hoee |
Go ahead and complain to Him, if He makes a mistake.
ਕਿਸੇ ਹੋਰ ਦੇ ਪਾਸ (ਇਸ ਦੇ ਸੰਬੰਧ ਵਿਚ) ਕੋਈ ਗਿਲਾ ਆਦਿਕ ਨਹੀਂ ਕੀਤਾ ਜਾ ਸਕਦਾ ।

ਜੇ ਹੋਇ ਭੂਲਾ ਜਾਇ ਕਹੀਐ ਆਪਿ ਕਰਤਾ ਕਿਉ ਭੁਲੈ ॥
jae hoe bhoolaa jaae keheeai aap karathaa kio bhulai |

Created By SikhiToTheMAX II

If He makes a mistake, go ahead and complain to Him; but how can the Creator Himself make a mistake?
ਉਹ ਖੁੰਝਿਆ ਹੋਇਆ ਨਹੀਂ ਹੈ, ਇਸ ਵਾਸਤੇ (ਕਿਸੇ ਖੁੰਝਾਈ ਬਾਰੇ) ਉਸ ਨੂੰ ਕੁਝ ਆਖਣ ਜਾਣ ਦੀ ਲੋੜ ਹੀ ਨਹੀਂ ਪੈਂਦੀ । ਜੇ ਉਹ ਖੁੰਝਿਆ ਹੋਇਆ ਹੋਵੇ ਤਾਂ ਜਾ ਕੇ ਕੁਝ ਆਖੀਏ ਭੀ, ਪਰ ਆਪ ਕਰਤਾਰ ਕੋਈ ਭੁੱਲ ਨਹੀਂ ਕਰ ਸਕਦਾ ।

ਸੁਣੇ ਦੇਖੇ ਬਾਝੁ ਕਹਿਐ ਦਾਨੁ ਅਣਮੰਗਿਆ ਦਿਵੈ ॥
sunae dhaekhae baajh kehiai dhaan anamangiaa dhivai |
He sees, He hears, and without our asking, without our begging, He gives His gifts.
ਉਹ ਸਭ ਜੀਵਾਂ ਦੀਆਂ ਅਰਦਾਸਾਂ ਸੁਣਦਾ ਹੈ ਉਹ ਸਭ ਜੀਵਾਂ ਦੇ ਕੀਤੇ ਕੰਮ ਵੇਖਦਾ ਹੈ, ਮੰਗਣ ਤੋਂ ਬਿਨਾ ਹੀ ਸਭ ਨੂੰ ਦਾਨ ਦੇਂਦਾ ਹੈ ।

ਦਾਨੁ ਦੇਇ ਦਾਤਾ ਜਗਿ ਬਿਧਾਤਾ ਨਾਨਕਾ ਸਚੁ ਸੋਈ ॥
dhaan dhaee dhaathaa jag bidhaathaa naanakaa sach soee |
The Great Giver, the Architect of the Universe, gives His gifts. O Nanak, He is the True Lord.
ਉਹ ਦਾਤਾਰ ਜਗਤ ਵਿਚ ਹਰੇਕ ਜੀਵ ਨੂੰ ਦਾਨ ਦੇਂਦਾ ਹੈ । ਹੇ ਨਾਨਕ! ਉਹ ਸਿਰਜਣਹਾਰ ਹੀ ਸਦਾ-ਥਿਰ ਰਹਿਣ ਵਾਲਾ ਹੈ ।

ਆਪਿ ਕਰੇ ਕਿਸੁ ਆਖੀਐ ਹੋਰੁ ਕਰੇ ਨ ਕੋਈ ॥੪॥੧॥੪॥
aap karae kis aakheeai hor karae n koee |4|1|4|
He Himself acts; unto whom should we complain? No one else does anything. ||4||1||4||
ਉਹ ਸਭ ਕੁਝ ਆਪ ਹੀ ਕਰਦਾ ਹੈ, ਕੋਈ ਹੋਰ (ਉਸ ਤੋਂ ਆਕੀ ਹੋ ਕੇ) ਕੁਝ ਨਹੀਂ ਕਰ ਸਕਦਾ । ਕਿਸੇ ਹੋਰ ਦੇ ਪਾਸ ਜਾ ਕੇ ਕੋਈ ਗਿਲਾ ਨਹੀਂ ਕੀਤਾ ਜਾ ਸਕਦਾ ।੪।੧।੪।

Created By SikhiToTheMAX II